ਆਜ਼ਾਦ ਕਿਸਾਨ ਮੋਰਚਾ ਨੇ ਲਾਡੋਵਾਲ ਟੋਲ ਪਲਾਜ਼ਾ 'ਤੇ ਲਾਇਆ ਧਰਨਾ, 3 ਘੰਟੇ ਫ੍ਰੀ ਕੱਢੇ ਵਾਹਨ

ਲਾਡੋਵਾਲ ਟੋਲ ਪਲਾਜ਼ਾ 'ਤੇ ਪ੍ਰਦਰਸ਼ਨ ਕਰਦੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ, ਹਰਪ੍ਰੀਤ ਸਿੰਘ ਮਖੂ ਤੇ ਹੋਰ ਅਤੇ (ਸੱਜੇ) ਟੋਲ ਦਿੱਤੇ ਬਿਨਾਂ ਨਿਕਲ ਰਹੇ ਵਾਹਨ ਚਾਲਕ। (ਸ਼ਿਵਮ)

ਲੁਧਿਆਣਾ/ਲਾਡੋਵਾਲ, 4 ਮਈ (ਅਨਿਲ, ਸ਼ਿਵਮ)-ਨੈਸ਼ਨਲ ਹਾਈਵੇ 'ਤੇ ਸਥਿਤ ਦੇਸ਼ ਦੇ ਸਭ ਤੋਂ ਮਹਿੰਗੇ ਲਾਡੋਵਾਲ ਟੋਲ ਪਲਾਜ਼ਾ 'ਤੇ ਅੱਜ ਆਜਾਦ ਕਿਸਾਨ ਮੋਰਚਾ ਪੰਜਾਬ ਦੇ ਵਰਕਰਾਂ ਨੇ ਪੰਜਾਬ ਦੇ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਅੱਜ 3 ਘੰਟੇ ਤੱਕ ਟੋਲ 'ਤੇ ਧਰਨਾ ਲਗਾ ਕੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਰੋਸ-ਪ੍ਰਦਰਸ਼ਨ ਕੀਤਾ।

ਇਸ ਮੌਕੇ ਰੋਸ-ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਏ. ਕੇ. ਐੱਮ. ਪੰਜਾਬ ਦੇ ਸੀਨੀਅਰ ਨੇਤਾ ਤੇ ਕਿਸਾਨ-ਮਜ਼ਦੂਰ ਯੂਨੀਅਨ ਦੇ ਰਾਸ਼ਟਰੀ ਪ੍ਰਧਾਨ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਤੇ ਪੰਜਾਬ ਪ੍ਰਧਾਨ ਹਰਪ੍ਰੀਤ ਸਿੰਘ ਮਖੂ ਨੇ ਦੱਸਿਆ ਕਿ ਪਿਛਲੇ ਸਾਲ ਪੰਜਾਬ ਵਿਚ ਜੋ ਹੜ੍ਹਾਂ ਕਾਰਨ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ ਸੀ, ਦਾ ਮੁਆਵਜ਼ਾ ਅੱਜ ਤੱਕ ਕਿਸਾਨਾਂ ਨੂੰ ਨਹੀਂ ਦਿੱਤਾ ਗਿਆ ਤੇ ਨਾ ਹੀ ਬੇਮੌਸਮੇ ਮੀਂਹ ਕਾਰਨ ਹੋਏ ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਕਿਸਾਨਾਂ ਨੂੰ ਮਿਲਿਆ।

ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰ ਵੱਲੋਂ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਯੂਨੀਅਨ ਟੋਲ ਪਲਾਜ਼ਾ 'ਤੇ ਧਰਨਾ ਲਗਾ ਕੇ ਅਣਮਿੱਥੇ ਸਮੇਂ ਲਈ ਟੋਲ ਨੂੰ ਫ੍ਰੀ ਰੱਖੇਗੀ। ਅੱਜ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨੂੰ ਫਸਲਾਂ 'ਤੇ ਐੱਸ.ਪੀ. ਦੀ ਗਾਰੰਟੀ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ ਜਿਸ ਕਾਰਨ ਕਿਸਾਨ ਆਪਣੀਆਂ ਫਸਲਾਂ ਦਾ ਸਹੀ ਮੁੱਲ ਪ੍ਰਾਪਤ ਨਹੀਂ ਕਰ ਰਹੇ। ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਦੱਸਿਆ ਕਿ ਕਿਸਾਨ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਨਗੇ। ਥਾਣਾ ਲਾਡੋਵਾਲ ਦੇ ਮੁਖੀ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਗਰੇਵਾਲ, ਥਾਣਾ ਹੈਬੋਵਾਲ ਦੇ ਮੁਖੀ ਕਿਸ਼ਨ ਲਾਲ ਭਾਰੀ ਪੁਲਸ ਫੋਰਸ ਨਾਲ ਮੌਜੂਦ ਰਹੇ।

ਇਸ ਮੌਕੇ ਜਸਬੀਰ ਸਿੰਘ ਆਹਲੂਵਾਲੀਆ, ਸਤਨਾਮ ਸਿੰਘ ਹਰੀਕੇ, ਲਖਬੀਰ ਸਿੰਘ, ਅਮਰਜੀਤ ਸਿੰਘ ਭੱਟੀ, ਰਾਣਾ ਸਿੰਘ ਗਰੇਵਾਲ, ਸੁਰਜੀਤ ਸਿੰਘ, ਗੁਰਦੀਪ ਸਿੰਘ ਗਰੇਵਾਲ, ਪ੍ਰਭਦੀਪ ਸਿੰਘ ਸੋਖੋ, ਲਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ ਲਾਡੋਵਾਲ, ਬਹਾਦਰ ਸਿੰਘ ਢਿੱਲੋਂ, ਕੁਲਦੀਪ ਸਿੰਘ ਸੈਣੀ, ਦਯਾ ਸਿੰਘ, ਨਿਸ਼ਾਨ ਸਿੰਘ, ਕਮਲਜੀਤ ਸਿੰਘ ਢਿੱਲੋਂ, ਕੁਲਦੀਪ ਸਿੰਘ ਖਾਲਸਾ, ਗੁਰਵਿੰਦਰ ਸਿੰਘ, ਭਰਪੂਰ ਸਿੰਘ, ਲਖਬੀਰ ਲੱਖਾ, ਨਿਤਿਨ ਦੀਵਾਨ, ਅਮਨਦੀਪ ਸਿੰਘ, ਹਰਬੰਸ ਸਿੰਘ ਫੌਜੀ, ਦਲਵਿੰਦਰ ਸਿੰਘ ਆਸ਼ੂ, ਪਰਮਜੀਤ ਸਿੰਘ ਆਦਿ ਸ਼ਾਮਲ ਸਨ।

3 ਸੂਬਿਆਂ 'ਚ ਭਾਜਪਾ ਦੇ 'ਜੈਘੋਸ਼' ਨਾਲ ਹਰਿਆਣਾ ਭਾਜਪਾ 'ਚ ਦਿਸਿਆ 'ਜੋਸ਼'!

ਹਰਿਆਣਾ ਭਾਜਪਾ ਦੇ ਆਗੂਆਂ ਨੇ ਮੁੱਖ ਮੰਤਰੀ ਨਾਇਬ ਸੈਣੀ ਨੂੰ ਦੱਸਿਆ ਲੱਕੀ

ਨਵੀਂ ਦਿੱਲੀ, 4 ਮਈ (ਏਜੰਸੀਆਂ)- ਪੱਛਮੀ ਬੰਗਾਲ, ਪੁੱਡੂਚੇਰੀ ਅਤੇ ਅਸਾਮ ਵਿਚ ਕੌਮੀ ਜਮਹੂਰੀ ਗੱਠਜੋੜ (ਐੱਨ. ਡੀ. ਏ.) ਨੂੰ ਸਪੱਸ਼ਟ ਬਹੁਮਤ ਮਿਲਣ ਤੋਂ ਬਾਅਦ ਹਰਿਆਣਾ ਭਾਜਪਾ ਦੇ ਵਰਕਰ ਜੋਸ਼ ਤੇ ਉਤਸ਼ਾਹ ਨਾਲ ਜਸ਼ਨ ਮਨਾਉਂਦੇ ਹੋਏ ਨਜ਼ਰ ਆ ਰਹੇ ਹਨ। ਸੋਮਵਾਰ ਨੂੰ ਜਿਵੇਂ ਹੀ 5 ਸੂਬਿਆਂ ਦੇ ਚੋਣ ਨਤੀਜੇ ਆਏ ਅਤੇ 2 ਸੂਬੇ ਬੰਗਾਲ ਤੇ ਅਸਾਮ ਵਿਚ ਭਾਜਪਾ ਨੂੰ ਜਦਕਿ ਪੁੱਡੂਚੇਰੀ ਵਿਚ ਕੌਮੀ ਜਮਹੂਰੀ ਗੱਠਜੋੜ ਨੂੰ ਬਹੁਮਤ ਮਿਲਣ ਤੋਂ ਬਾਅਦ ਹੀ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿਚ ਭਾਜਪਾ ਆਗੂਆਂ ਤੇ ਵਰਕਰਾਂ ਨੇ ਮਠਿਆਈਆਂ ਤੇ ਫਲ ਵੰਡ ਕੇ ਅਤੇ ਪਟਾਕੇ ਚਲਾ ਕੇ ਜਿੱਤ ਦਾ ਜਸ਼ਨ ਮਨਾਇਆ।

ਖ਼ਾਸ ਗੱਲ ਇਹ ਹੈ ਕਿ ਮਹਾਰਾਸ਼ਟਰ, ਦਿੱਲੀ ਤੇ ਬਿਹਾਰ ਤੋਂ ਬਾਅਦ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਬੰਗਾਲ ਤੇ ਅਸਾਮ ਚੋਣਾਂ ਵਿਚ ਵੀ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਬੰਗਾਲ ਵਿਚ ਕਈ ਰੈਲੀਆਂ ਨੂੰ ਸੰਬੋਧਨ ਕੀਤਾ ਸੀ ਅਤੇ ਅੱਜ ਆਏ ਨਤੀਜਿਆਂ 'ਚ ਭਾਜਪਾ ਨੇ ਅਸਾਮ ਤੇ ਬੰਗਾਲ ਵਿਚ ਸਪੱਸ਼ਟ ਬਹੁਮਤ ਹਾਸਲ ਕੀਤਾ ਹੈ। ਅੱਜ ਦੇ ਨਤੀਜਿਆਂ ਤੋਂ ਬਾਅਦ ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬੜੌਲੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਜਿੱਥੇ-ਜਿੱਥੇ ਪ੍ਰਚਾਰ ਲਈ ਜਾਂਦੇ ਹਨ, ਉਥੇ ਭਾਜਪਾ ਦੀ ਸਰਕਾਰ ਬਣਦੀ ਹੈ। ਇਸ ਤੋਂ ਇਲਾਵਾ ਹਰਿਆਣਾ ਭਾਜਪਾ ਦੇ ਆਗੂਆਂ ਤੇ ਵਰਕਰਾਂ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਭਾਜਪਾ ਲਈ ਲੱਕੀ ਦੱਸਿਆ ਹੈ।

ਖੇਡ ਖ਼ਤਮ ਅਤੇ ਵਿਕਾਸ ਸ਼ੁਰੂ : ਨਾਇਬ ਸੈਣੀ

ਇਸੇ ਤਰ੍ਹਾਂ ਪੱਛਮੀ ਬੰਗਾਲ ਵਿਚ ਭਾਰਤੀ ਜਨਤਾ ਪਾਰਟੀ ਨੂੰ ਮਿਲੀ ਇਤਿਹਾਸਕ ਜਿੱਤ 'ਤੇ ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਕਿ 'ਖੇਡ ਖ਼ਤਮ, ਵਿਕਾਸ ਸ਼ੁਰੂ'। ਮਾਂ ਕਾਲੀ ਦੇ ਆਸ਼ੀਰਵਾਦ ਨਾਲ ਭਰਪੂਰ ਪੱਛਮੀ ਬੰਗਾਲ ਦੀ ਪਵਿੱਤਰ ਧਰਤੀ 'ਤੇ ਇਤਿਹਾਸਕ ਜਿੱਤ ਦੇ ਨਾਲ ਕਮਲ ਖਿਲਨ 'ਤੇ ਹਾਰਦਿਕ ਵਧਾਈ। ਪਰਿਵਰਤਨ ਦੀ ਪ੍ਰਤੀਕ ਬੰਗਾਲ ਦੀ ਇਹ ਮਹਾਨ ਧਰਤੀ, ਵਿਭੂਤੀਆਂ, ਮਹਾਪੁਰਸ਼ਾਂ ਅਤੇ ਜਨ-ਜਨ ਦੇ ਸੰਘਰਸ਼ ਸਦਕਾ ਭਾਰਤ ਨੂੰ ਹਮੇਸ਼ਾ ਦਿਸ਼ਾ ਪ੍ਰਦਾਨ ਕਰਦੀ ਰਹੀ ਹੈ।

ਪਾਕਿਸਤਾਨ ਤੋਂ ਹਥਿਆਰ ਮੰਗਵਾਉਣ ਵਾਲੇ ਗਿਰੋਹ ਦਾ ਪਰਦਾਫਾਸ਼

3 ਵਿਦੇਸ਼ੀ ਪਿਸਤੌਲਾਂ ਅਤੇ 6 ਜ਼ਿੰਦਾ ਰੌਂਦਾਂ ਸਣੇ 3 ਮੁਲਜ਼ਮ ਕਾਬੂ

ਬਰਾਮਦ ਕੀਤੇ ਹਥਿਆਰਾਂ ਅਤੇ ਗ੍ਰਿਫ਼ਤਾਰ ਮੁਲਜ਼ਮਾਂ ਨਾਲ ਪੁਲਸ ਪਾਰਟੀ। (ਰਮਨ)

ਤਰਨਤਾਰਨ, 4 ਮਈ (ਰਮਨ, ਰਾਜੂ)-ਸੀ.ਆਈ.ਏ. ਸਟਾਫ ਤਰਨਤਾਰਨ ਦੀ ਪੁਲਸ ਨੇ ਪਾਕਿਸਤਾਨ ਤੋਂ ਸਮੱਗਲਰਾਂ ਨਾਲ ਸਬੰਧ ਬਣਾ ਕੇ ਡਰੋਨ ਰਾਹੀਂ ਹਥਿਆਰ ਮੰਗਵਾਉਣ ਵਾਲੇ ਇਕ ਗਿਰੋਹ ਦੇ 3 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਕੁੱਲ 3 ਮੁਲਜ਼ਮਾਂ ਨੂੰ 3 ਵਿਦੇਸ਼ੀ ਆਟੋਮੈਟਿਕ ਪਿਸਤੌਲਾਂ ਅਤੇ 6 ਜ਼ਿੰਦਾ ਰੌਂਦਾਂ ਸਮੇਤ ਗ੍ਰਿਫ਼ਤਾਰ ਕਰਦੇ ਹੋਏ ਥਾਣਾ ਝਬਾਲ ਵਿਖੇ ਪਰਚਾ ਦਰਜ ਕਰ ਲਿਆ ਹੈ। ਇਸ ਦੌਰਾਨ ਪੁਲਸ ਨੇ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਦੇ ਹੋਏ ਅਗਲੇਰੀ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ, ਜਿਸ 'ਚ ਕਈ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਸੀ. ਆਈ. ਏ. ਸਟਾਫ ਤਰਨਤਾਰਨ ਦੀ ਪੁਲਸ ਨੇ 29 ਅਪ੍ਰੈਲ ਨੂੰ ਲਵਪ੍ਰੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪੰਜਵੜ ਅਤੇ ਸ਼ਿਵਰਾਜ ਸਿੰਘ ਉਰਫ ਸ਼ਿਵ ਪੁੱਤਰ ਜਸਵਿੰਦਰ ਸਿੰਘ ਵਾਸੀ ਮੱਦਰ ਮਖਰਾ ਭਾਗੀ ਨੂੰ ਗ੍ਰਿਫ਼ਤਾਰ ਕਰਦੇ ਹੋਏ ਉਨ੍ਹਾਂ ਪਾਸੋਂ ਦੋ ਵਿਦੇਸ਼ੀ 30 ਬੋਰ ਪਿਸਤੌਲ, ਜੋ ਚੀਨ ਦੇ ਬਣੇ ਹੋਏ ਹਨ ਅਤੇ 4 ਜ਼ਿੰਦਾ ਰੌਂਦਾਂ ਸਮੇਤ ਇਕ ਮੋਟਰਸਾਈਕਲ ਬਰਾਮਦ ਕਰਨ 'ਚ ਸਫਲਤਾ ਹਾਸਲ ਕੀਤੀ ਸੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ 'ਚ ਬੈਠੇ ਸਮੱਗਲਰਾਂ ਨਾਲ ਸਬੰਧ ਬਣਾ ਕੇ ਡਰੋਨ ਦੀ ਮਦਦ ਨਾਲ ਭਾਰਤੀ ਖੇਤਰ ਵਿਚ ਹਥਿਆਰ ਮੰਗਵਾ ਕੇ ਅੱਗੇ ਸਪਲਾਈ ਕਰਨ ਦਾ ਧੰਦਾ ਕਰਦੇ ਸਨ।

ਉਨ੍ਹਾਂ ਖਿਲਾਫ ਥਾਣਾ ਝਬਾਲ ਵਿਖੇ ਪਰਚਾ ਦਰਜ ਕਰਦੇ ਹੋਏ ਮਾਣਯੋਗ ਅਦਾਲਤ ਪਾਸੋਂ ਹਾਸਲ ਕੀਤੇ ਗਏ ਤਿੰਨ ਦਿਨਾਂ ਰਿਮਾਂਡ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਨ੍ਹਾਂ ਦਾ ਇਕ ਹੋਰ ਸਾਥੀ ਜੋਬਨਜੀਤ ਸਿੰਘ ਉਰਫ ਜੋਬਨ ਪੁੱਤਰ ਦੀਦਾਰ ਸਿੰਘ ਵਾਸੀ ਰਾਜੋਕੇ ਵੀ ਇਸ ਨਾਜਾਇਜ਼ ਹਥਿਆਰਾਂ ਦੇ ਕਾਰੋਬਾਰ ਵਿਚ ਸ਼ਾਮਲ ਹੈ। ਪੁਲਸ ਵੱਲੋਂ ਅਗਲੇਰੀ ਜਾਂਚ ਦੌਰਾਨ ਜੋਬਨਜੀਤ ਸਿੰਘ ਉਰਫ ਜੋਬਨ ਨੂੰ ਗ੍ਰਿਫ਼ਤਾਰ ਕਰਦੇ ਹੋਏ ਉਸ ਪਾਸੋਂ ਇਕ 30 ਬੋਰ (ਰੌਲੈਕਸ ਮਾਰਕਾ) ਪਿਸਤੌਲ ਅਤੇ 2 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਹਨ। ਐੱਸ. ਐੱਸ. ਪੀ. ਲਾਂਬਾ ਨੇ ਦੱਸਿਆ ਕਿ ਮੁਲਜ਼ਮਾਂ ਦਾ ਮਾਣਯੋਗ ਅਦਾਲਤ ਪਾਸੋਂ ਰਿਮਾਂਡ ਹਾਸਲ ਕਰਦੇ ਹੋਏ ਬਰੀਕੀ ਨਾਲ ਪੁੱਛਗਿਛ ਕੀਤੀ ਜਾ ਰਹੀ ਹੈ ਕਿ ਉਹ ਇਸ ਧੰਦੇ ਵਿਚ ਕਿੰਨੇ ਸਮੇਂ ਤੋਂ ਲੱਗੇ ਹੋਏ ਹਨ ਅਤੇ ਕਿਸ ਕਿਸ ਇਲਾਕੇ ਵਿਚ ਕਿਹੜੇ ਵਿਅਕਤੀਆਂ ਨੂੰ ਹਥਿਆਰਾਂ ਦੀ ਸਪਲਾਈ ਕਰ ਚੁੱਕੇ ਹਨ ਅਤੇ ਕਿਹੜੀਆਂ ਵਾਰਦਾਤਾਂ ਨੂੰ ਅੰਜਾਮ ਦੇ ਚੁੱਕੇ ਹਨ।

ਨੋਟਿਸ

ਦੀ ਮਾਦਪੁਰ ਬਹੁਮੰਤਵੀ ਸਹਿਕਾਰੀ ਸਭਾ ਲਿਮ. ਵਿਚ ਡੀ.ਸੀ. ਰੇਟ 'ਤੇ ਸੇਲਜ਼ਮੈਨ ਦੀ ਆਸਾਮੀ ਭਰੀ ਜਾਣੀ ਹੈ। ਜਿਸ ਲਈ ਉਮੀਦਵਾਰਾਂ ਪਾਸੋਂ ਦਸਤੀ ਜਾਂ ਰਜਿਸਟਰਡ ਡਾਕ ਰਾਹੀਂ ਮਿਤੀ 13.05.2026 ਨੂੰ ਸ਼ਾਮ 5.00 ਵਜੇ ਤੱਕ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ। ਇਸ ਮਿਤੀ ਤੋਂ ਬਾਅਦ ਆਈਆਂ ਅਰਜ਼ੀਆਂ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਇਸ ਆਸਾਮੀ ਲਈ ਯੋਗਤਾਵਾਂ ਦਸਵੀਂ ਪੱਧਰ 'ਤੇ ਪੰਜਾਬੀ ਪਾਸ ਅਤੇ ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਸੰਸਥਾ ਤੋਂ ਗ੍ਰੈਜੂਏਸ਼ਨ ਦੀ ਡਿਗਰੀ, ਸਰਕਾਰ ਵੱਲੋਂ ਮਾਨਤਾ ਪ੍ਰਾਪਤ ISO 9001 ਤਸਦੀਕਸ਼ੁਦਾ ਸੰਸਥਾ ਤੋਂ ਘੱਟ ਤੋਂ ਘੱਟ 120 ਘੰਟੇ ਦਾ ਕੰਪਿਊਟਰ ਕੋਰਸ। ਉਮਰ 18 ਤੋਂ 37 ਸਾਲ। ਪੇਂਡੂ ਪਿਛੋਕੜ (ਸਬੂਤ ਸਹਿਤ), ਸਹਿਕਾਰਤਾ ਵਿਭਾਗ ਦੇ ਤਜਰਬੇ ਅਤੇ ਕਾਰਜ ਖੇਤਰ ਦੇ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇਗੀ। ਸਬ ਕਮੇਟੀ ਦਾ ਫੈਸਲਾ ਅੰਤਿਮ ਹੋਵੇਗਾ। ਇਹ ਆਸਾਮੀ ਮੈਰਿਟ ਦੇ ਆਧਾਰ 'ਤੇ ਭਰੀ ਜਾਵੇਗੀ। ਸਿਲੈਕਸ਼ਨ ਕਮੇਟੀ ਵੱਲੋਂ ਇਹ ਭਰਤੀ ਦੀ ਪ੍ਰਕਿਰਿਆ ਬਿਨਾਂ ਕਾਰਨ ਦੱਸੇ ਮੁਲਤਵੀ ਕੀਤੀ ਜਾ ਸਕਦੀ ਹੈ। ਉਮੀਦਵਾਰ ਮਿਤੀ 18.05.2026 ਨੂੰ ਸਵੇਰੇ 10 ਵਜੇ ਆਪਣੇ ਅਸਲੀ ਦਸਤਾਵੇਜ਼ ਸਮੇਤ ਸਭਾ ਦੇ ਦਫਤਰ ਵਿਚ ਪਹੁੰਚ ਜਾਣ। ਬਿਨਾਂ ਅਸਲੀ ਦਸਤਾਵੇਜ਼ਾਂ ਤੋਂ ਆਏ ਉਮੀਦਵਾਰਾਂ ਦੀ ਅਰਜ਼ੀ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

ਸਕੱਤਰ, ਦੀ ਮਾਦਪੁਰ ਬਹੁਮੰਤਵੀ ਸਹਿ. ਖੇਤੀਬਾੜੀ ਸੇਵਾ ਸਭਾ ਲਿਮ. ਮਾਦਪੁਰ (ਲੁਧਿਆਣਾ)

ਪੰਜਾਬ 'ਚ ਨਹੀਂ ਕੀਤਾ ਜਾ ਸਕਦਾ ਲੋਕਾਂ ਦਾ ਧਰੁਵੀਕਰਨ : ਵੜਿੰਗ

ਚੰਡੀਗੜ੍ਹ, 4 ਮਈ (ਅੰਕੁਰ)- ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਕੇਰਲਮ 'ਚ ਪਾਰਟੀ ਦੀ ਸ਼ਾਨਦਾਰ ਜਿੱਤ ਤੋਂ ਬਾਅਦ ਹੁਣ ਅਗਲੀ ਵਾਰੀ ਪੰਜਾਬ ਦੀ ਹੈ, ਜਿੱਥੇ ਅਗਲੇ ਸਾਲ ਹੋਣ ਵਾਲੀਆਂ ਚੋਣਾਂ 'ਚ ਕਾਂਗਰਸ ਸਰਕਾਰ ਬਣਾਵੇਗੀ।

ਉਨ੍ਹਾਂ ਕਿਹਾ ਕਿ ਕਾਂਗਰਸ ਕੇਰਲਮ 'ਚ ਹੋਰ ਮਜ਼ਬੂਤ ਹੋ ਕੇ ਉੱਭਰੀ ਹੈ ਕਿਉਂਕਿ ਇਸ ਤੋਂ ਪਹਿਲਾਂ ਵੀ ਪਾਰਟੀ ਨੇ ਲੋਕ ਸਭਾ ਤੇ ਸਥਾਨਕ ਚੋਣਾਂ 'ਚ ਜਿੱਤ ਦਰਜ ਕੀਤੀ ਸੀ।

ਪੱਛਮੀ ਬੰਗਾਲ ਬਾਰੇ ਸਵਾਲ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੀ ਹਾਰ ਲਈ ਕਈ ਕਾਰਨ ਜ਼ਿੰਮੇਵਾਰ ਸਨ। ਭਾਰਤੀ ਚੋਣ ਕਮਿਸ਼ਨ ਵੱਲੋਂ ਦਿਖਾਈ ਗਈ ਪੱਖਪਾਤੀ ਭੂਮਿਕਾ ਤੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਨਾਲ-ਨਾਲ ਸੂਬਾ ਸਰਕਾਰ ਦੀਆਂ ਨਾਕਾਮੀਆਂ ਵੀ ਇਸ ਲਈ ਜ਼ਿੰਮੇਵਾਰ ਸਨ। ਉਨ੍ਹਾਂ ਕਿਹਾ ਕਿ ਭਾਜਪਾ ਨੇ ਆਪਣੇ ਅਧਿਕਾਰਾਂ ਤੇ ਵੱਖ-ਵੱਖ ਸੰਸਥਾਵਾਂ ਦੀ ਦੁਰਵਰਤੋਂ ਕਰਦਿਆਂ ਸੂਬੇ 'ਚ ਭ੍ਰਿਸ਼ਟਾਚਾਰ ਅਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਨਾਕਾਮੀਆਂ ਦਾ ਫ਼ਾਇਦਾ ਉਠਾਇਆ। ਉਨ੍ਹਾਂ ਕਿਹਾ ਕਿ ਬੰਗਾਲ 'ਚ ਟੀ. ਐੱਮ. ਸੀ. ਦੇ ਰਾਜ ਦੌਰਾਨ ਜੋ ਕੁਝ ਹੋ ਰਿਹਾ ਸੀ, ਕਾਂਗਰਸ ਉਸ ਨਾਲ ਸਹਿਮਤ ਨਹੀਂ ਸੀ ਤੇ ਇਸੇ ਕਾਰਨ ਪਾਰਟੀ ਨੇ ਸਾਰੇ 294 ਵਿਧਾਨ ਸਭਾ ਹਲਕਿਆਂ 'ਚ ਚੋਣ ਲੜੀ।

ਉਨ੍ਹਾਂ ਨੇ ਪੰਜਾਬ ਭਾਜਪਾ ਦੇ ਨੇਤਾਵਾਂ 'ਤੇ ਵੀ ਟਿੱਪਣੀ ਕੀਤੀ, ਜੋ ਬੰਗਾਲ ਅਤੇ ਅਸਾਮ ਦੇ ਨਤੀਜਿਆਂ 'ਤੇ ਖ਼ੁਸ਼ੀ ਮਨਾ ਰਹੇ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦੱਸ ਦਿਓ ਕਿ ਪੰਜਾਬ ਤਾਮਿਲਨਾਡੂ ਅਤੇ ਕੇਰਲਮ ਵਰਗਾ ਹੈ ਨਾ ਕਿ ਬੰਗਾਲ ਜਾਂ ਅਸਾਮ ਵਰਗਾ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੰਜਾਬ 'ਚ ਭਾਜਪਾ ਦਾ ਹਾਲ ਤਾਮਿਲਨਾਡੂ ਅਤੇ ਕੇਰਲਮ ਤੋਂ ਵੀ ਮਾੜਾ ਹੋਵੇਗਾ। ਤੁਸੀਂ ਪੰਜਾਬ 'ਚ ਲੋਕਾਂ ਦਾ ਧਰੁਵੀਕਰਨ ਨਹੀਂ ਕਰ ਸਕਦੇ ਅਤੇ ਬਿਨਾਂ ਧਰੁੱਵੀਕਰਨ ਤੋਂ ਤੁਸੀਂ ਸੂਬੇ 'ਚ ਇਕ ਵੀ ਸੀਟ ਨਹੀਂ ਜਿੱਤ ਸਕਦੇ।

ਜਨਤਕ ਸੂਚਨਾ

ਸਰਕਾਰੀ ਮਿਡਲ ਸਕੂਲ, ਮੈਣ (ਜ਼ਿਲ੍ਹਾ ਪਟਿਆਲਾ) ਦੇ ਚਾਰ ਕਲਾਸਰੂਮ, ਇੱਕ ਸਪੋਰਟਸ ਰੂਮ, ਵਰਾਂਡਾ ਢਾਉਣ ਦੀ ਨਿਲਾਮੀ 14 ਮਈ 2026 ਨੂੰ ਸਵੇਰੇ 10 ਵਜੇ ਹੋਵੇਗੀ।

ਚਾਹਵਾਨ ਸੰਪਰਕ ਕਰਨ -9463909600

1984 ਦੇ ਲਾਪਤਾ ਇਤਿਹਾਸਕ ਦਸਤਾਵੇਜ਼ਾਂ ਦੇ ਮਾਮਲੇ 'ਚ ਗਿਆਨੀ ਰਘਬੀਰ ਸਿੰਘ ਨੇ ਕੇਂਦਰ ਨੂੰ ਘੇਰਿਆ

■ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖ ਕੇ ਮੰਗਿਆ ਸਪੱਸ਼ਟੀਕਰਨ, ਸਿੱਖ ਰੈਫਰੈਂਸ ਲਾਇਬ੍ਰੇਰੀ ਦਾ ਰਿਕਾਰਡ ਜਨਤਕ ਕਰਨ ਦੀ ਕੀਤੀ ਮੰਗ